# ਪੰਜਾਬ ਸਕੂਲ ਸਿੱਖਿਆ ਬੋਰਡ

## (ਪ੍ਰੈੱਸ ਨੋਟ)

ਪੰਜਾਬ ਰਾਜ ਦੇ ਸਮੂਹ ਸਰਕਾਰੀ/ਏਡਿਡ/ਐਫੀਲੀਏਟਿਡ ਅਤੇ ਐਸੋਸੀਏਟਿਡ ਸਕੂਲ ਮੁੱਖੀਆਂ ਅਤੇ ਵਿਦਿਆਰਥੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਅਕਾਦਮਿਕ ਸਾਲ 2018-19 ਤੋਂ CBSE, CISCE, NIOS ਅਤੇ ਭਾਰਤ ਦੇ ਦੂਜੇ ਰਾਜਾਂ ਦੇ ਬੋਰਡਾਂ ਦੇ ਵਿਦਿਆਰਥੀਆਂ ਨੂੰ ਜਿਹੜੇ ਅਗਲੀ ਪੜ੍ਹਾਈ ਲਈ (ਨੌਵੀਂ ਤੋਂ ਬਾਰ੍ਹਵੀਂ ਸ਼੍ਰੇਣੀ) ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਸਕੂਲਾਂ ਵਿੱਚ ਦਾਖਲਾ ਲੈਣਾ ਚਾਹੁੰਦੇ ਹੋਣ ਜਾਂ ਦਸਵੀਂ/ਬਾਰ੍ਹਵੀਂ ਦੀ ਵਾਧੂ ਵਿਸ਼ੇ ਦੀ ਪ੍ਰੀਖਿਆ ਦੇਣੀ ਚਾਹੁੰਦੇ ਹੋਣ, ਉਨ੍ਹਾਂ ਨੂੰ ਸਮਾਨਤਾ ਪੱਤਰ ਪ੍ਰਾਪਤ ਕਰਨਾ ਲਾਜ਼ਮੀ ਨਹੀਂ ਹੋਵੇਗਾ। ਇਸ ਤੋਂ ਇਲਾਵਾ ਵਿਦੇਸ਼ਾਂ ਤੋਂ ਕੀਤੀ ਪੜ੍ਹਾਈ ਉਪਰੰਤ ਅਗਲੀ ਪੜ੍ਹਾਈ ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਕਰਨ ਵਾਲੇ ਵਿਦਿਆਰਥੀਆਂ ਲਈ ਚਾਲੂ ਪ੍ਰਥਾ ਅਨੁਸਾਰ ਸਮਾਨਤਾ ਪੱਤਰ ਪ੍ਰਾਪਤ ਕਰਨਾ ਲਾਜ਼ਮੀ ਹੋਵੇਗਾ। ਸਕੂਲ ਮੁੱਖੀ ਵੱਖ-ਵੱਖ ਬੋਰਡਾਂ ਦੀ ਮਾਨਤਾ/ਸਮਾਨਤਾ ਸਬੰਧੀ ਜਾਣਕਾਰੀ ਬੋਰਡ ਦੀ ਵੈਬ-ਸਾਈਟ www.pseb.ac.in ਤੇ ਅਪਲੋਡ ਕੀਤੀ ਸਮਾਨਤਾ ਸੂਚੀ ਤੋਂ ਪ੍ਰਾਪਤ ਕਰ ਸਕਦੇ ਹਨ। ਯੋਗਤਾ ਸਬੰਧੀ ਜ਼ਿੰਮੇਵਾਰੀ ਨਿਰੋਲ ਸਕੂਲ ਮੁੱਖੀ ਦੀ ਹੋਵੇਗੀ। ਇਸ ਲਈ ਸਮਾਨਤਾ ਸੂਚੀ ਨੂੰ ਮੁੱਖ ਰੱਖ ਕੇ ਹੀ ਦਾਖ਼ਲੇ ਪ੍ਰਵਾਨ ਕੀਤੇ ਜਾਣ।

ਸਕੱਤਰ